## ਸ੍ਰੋਮਣੀ ਅਕਾਲੀ ਦਲ, ਸ਼੍ਰੀ ਅੰਮ੍ਰਿਤਸਰ

# ਅੰਮ੍ਰਿਤਸਰ ਐਲਾਨਨਾਮਾ

ਮਿਤੀ 1-5-1994

ਸ਼੍ਰੋਮਣੀ ਅਕਾਲੀ ਦਲ ਜਮਹੂਰੀਅਤ ਦੇ ਦਾਇਰਿਆਂ ਵਿੱਚ ਰਹਿ ਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਉੱਤੇ ਆਧਾਰਿਤ ਪੰਜਾਬੀ ਕੌਮੀ ਸੱਭਿਆਚਾਰ ਦੇ ਮੋਹਰੀ ਹੋਣ ਵਜੋਂ ਸਿੱਖ ਕੌਮ ਲਈ ਇੱਕ ਅਜਿਹੇ ਵੱਖਰੇ ਖਿੱਤੇ ਵਾਸਤੇ ਜਦੋ-ਜਹਿਦ ਕਰਨ ਦੇ ਆਪਣੇ ਵਚਨ ਨੂੰ ਦੁਹਰਾਉਂਦਾ ਹੈ ਜਿਥੇ ਉਹ ਆਜ਼ਾਦੀ ਦਾ ਨਿੱਘ ਮਾਣ ਸਕਣ। ਵੰਡ ਤੋਂ ਪਹਿਲਾਂ ਕਾਂਗਰਸ ਨੇ ਇੱਕ ਅਜਿਹਾ ਖਿੱਤਾ ਬਣਾਉਣ ਦਾ ਵਾਅਦਾ ਕੀਤਾ ਸੀ , ਪਰ ਅੱਜ ਤੱਕ ਇਹ ਹੋਂਦ ਵਿੱਚ ਨਹੀਂ ਆਇਆ। ਕੇਵਲ ਅਜਿਹੇ ਖਿੱਤੇ ਦੇ ਹੋਂਦ ਵਿੱਚ ਆਉਂਣ ਨਾਲ ਹੀ ਸਿੱਖ ਕੌਮ ਅਤੇ ਪੰਜਾਬੀਆਂ ਦੀਆਂ ਰੀਝਾਂ ਪੂਰੀਆਂ ਹੋ ਸਕਦੀਆਂ ਹਨ।ਅਜਿਹਾ ਖਿੱਤਾ ਘੱਟ ਗਿਣਤੀਆਂ ਦੀਆਂ ਸੰਭਾਵਨਾਵਾਂ ਨੂੰ ਮੂਰਤੀਮਾਨ ਕਰਨ ਵਿੱਚ ਸਹਾਈ ਹੋਵੇਗਾ। ਇਤਿਹਾਸ ਦੇ ਮੋੜ ਤੇ ਇੱਕ ਪਾਸੇ ਜੇ ਦੱਖਣ ਪੂਰਬੀ ਏਸ਼ੀਆ ਬੇਚੈਨ ਹੈ ਅਤੇ ਦੂਜੇ ਪਾਸੇ ਪੱਛਮੀ ਕੌਮਾਂ ਵੀ ਆਪਣੀ ਤਕਦੀਰ ਘੜ੍ਹਨ ਲਈ ਕਦਰਾਂ ਕੀਮਤਾਂ ਦੇ ਨਵੇਂ ਮਾਡਲ ਦੀ ਤਲਾਸ਼ ਵਿਚ ਹਨ। ਇਹ ਕੌਮਾਂ ਆਪਣੇ ਵਿਲੱਖਣ ਸੱਭਿਆਚਾਰਾਂ ਨੂੰ ਨਵੇਂ ਸਿਰਿਓਂ ਵਿਉਂਤਣ ਲਈ ਵੀ ਯਤਨ ਕਰ ਰਹੀਆਂ ਹਨ। ਅਜਿਹੀ ਹਾਲਤ ਵਿੱਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਮੌਜੂਦ ਬ੍ਰਹਿਮੰਡੀ ਏਕਤਾ ਅਤੇ ਇਕਸੁਰਤਾ, ਸੰਵਾਦ, ਸ਼ਾਇਰਾਨਾ ਤਰਜ਼-ਜ਼ਿੰਦਗੀ, ਲੁੱਟ ਖਸੁੱਟ ਰਹਿਤ ਰਾਜਨੀਤੀ ਅਤੇ ਦੂਜਿਆਂ ਨੂੰ ਅਧੀਨ ਕਰਨ ਵਾਲੀ ਮਾੜੀ ਬਿਰਤੀ ਤੋਂ ਮੁਕਤ ਖਿੱਤਾ ਹੋਰਨਾਂ ਸੱਭਿਆਚਾਰਾਂ ਲਈ ਵੀ ਚਾਨਣ ਮੁਨਾਰਾ ਹੋਵੇਗਾ। ਇਸ ਖਿੱਤੇ ਵਿੱਚ ਸਿੱਖੀ ਜੀਵਨ ਜਾਚ ਉੱਤੇ ਉਸਰੀਆਂ ਵਿਲੱਖਣ ਧਾਰਮਿਕ, ਆਰਥਿਕ, ਰਾਜਸੀ ਅਤੇ ਸਮਾਜਿਕ ਸੰਸਥਾਵਾਂ ਇੱਕ ਪਾਸੇ ਮੌਲਿਕ ਚੇਤਨਤਾ ਨੂੰ ਸਾਕਾਰ ਕਰਨਗੀਆਂ ਅਤੇ ਦੂਜੇ ਪਾਸੇ ਉਨ੍ਹਾਂ ਨੂੰ ਇਤਿਹਾਸ ਵਿੱਚ ਇੱਕ ਅਜਿਹਾ ਮੌਕਾ ਪ੍ਰਦਾਨ ਕਰਨਗੀਆਂ ਜੋ ਪਿਛਲੇ ਸਮੇਂ ਵਿੱਚ ਨਹੀਂ ਮਿਲਿਆ। ਅਜਿਹੀ ਪ੍ਰਾਪਤੀ ਨਾਲ ਸਿੱਖ ਅਤੇ ਪੰਜਾਬੀਅਤ, ਸੰਸਾਰ ਸੱਭਿਆਚਾਰ ਨੂੰ ਆਪਣੇ ਅਤਿਅੰਤ ਸੁੰਦਰ ਪ੍ਰਗਟਾਵੇ ਰਾਹੀਂ ਗੌਰਵਸ਼ੀਲ ਯੋਗਦਾਨ ਦੇ ਸਕੇਗੀ। ਅਕਾਲੀ ਦਲ ਦਾ ਇਹ ਮੱਤ ਹੈ ਕਿ ਹਿੰਦੋਸਤਾਨ ਵੱਖ-ਵੱਖ ਕੌਮੀ ਸੱਭਿਆਚਾਰਾਂ ਦਾ ਇੱਕ ਉਪ ਮਹਾਂਦੀਪ ਹੈ, ਜਿਸ ਵਿੱਚ ਹਰ ਸੱਭਿਆਚਾਰ ਦੀ ਆਪਣੀ ਨਿਵੇਕਲੀ ਵਿਰਾਸਤ ਅਤੇ ਨਿਵੇਕਲੀ ਮੁੱਖ ਧਾਰਾ ਹੈ। ਇਸ ਉਪ ਮਹਾਂਦੀਪ ਨੂੰ ਇੱਕ ਕਨਫੈਡਰਲ ਵਿਧਾਨ ਰਾਹੀਂ ਨਵੇਂ ਸਿਰਿਓਂ ਸੰਗਠਿਤ ਕਰਨ ਦੀ ਲੋੜ ਹੈ ਤਾਂ ਜੋ ਹਰ ਸੱਭਿਆਚਾਰ ਆਪਣੀ ਪ੍ਰਭਿਤਾ ਅਤੇ ਆਭਾ ਅਨੁਸਾਰ ਪ੍ਰਫੁੱਲਤ ਹੋਵੇ ਅਤੇ ਆਪਣੀ ਵਿਸ਼ੇਸ਼ ਖੁਸ਼ਬੂ ਵਿਸ਼ਵ ਸੱਭਿਆਚਾਰਾਂ ਦੇ ਬਾਗ ਨੂੰ ਦੇ ਸਕੇ, ਜੇ ਇਸ ਤਰ੍ਹਾਂ ਦਾ ਕਨਫੈਡਰਲ ਨਵ-ਸੰਗਠਨ, ਹਿੰਦੋਸਤਾਨੀ ਹੁਕਮਰਾਨਾਂ ਵੱਲੋਂ ਪਰਵਾਨ ਨਹੀਂ ਕੀਤਾ ਜਾਂਦਾ ਤਾਂ ਸ਼੍ਰੋਮਣੀ ਅਕਾਲੀ ਦਲ ਕੋਲ ਇੱਕ ਪ੍ਰਭੂ ਸੱਤਾ ਸੰਪੰਨ ਰਾਜ ਦੀ ਮੰਗ ਕਰਨ ਅਤੇ ਇਸ ਲਈ ਜਦੋ-ਜਹਿਦ ਕਰਨ ਤੋਂ ਇਲਾਵਾ ਹੋਰ ਕੋਈ ਚਾਰਾ ਨਹੀਂ ਰਹਿ ਜਾਵੇਗਾ।